ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ , ਬਠਿੰਡਾ

## ਵੇਰਕਾ ਵੱਲੋਂ ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥਾਂ ਦੀ ਘਰ-ਘਰ ਕਰਵਾਈ ਜਾ ਰਹੀ ਨਿਰਵਿਘਨ ਸਪਲਾਈ

ਬਠਿੰਡਾ 13 ਮਈ : ਡਿਪਟੀ ਕਮਿਸ਼ਨਰ ਸ੍ਰੀ ਬੀ. ਸ੍ਰੀਨਿਵਾਸਨ ਦੇ ਦਿਸ਼ਾ- ਨਿਰਦੇਸ਼ਾਂ ਤੇ ਜ਼ਿਲਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਵੇਰਕਾ ਮਿਲਕ ਪਲਾਂਟ, ਬਠਿੰਡਾ ਵੱਲੋਂ ਦੁੱਧ ਤੇ ਦੁੱਧ ਤੋਂ ਬਣੇ ਪਦਾਰਥਾਂ ਦੀ ਸੇਵਾਵਾਂ ਜ਼ਿਲਾ ਵਾਸੀਆਂ ਨੂੰ ਨਿਰਵਿਘਨ ਮੁਹੱਈਆਂ ਕਰਵਾਈਆਂ ਜਾ ਰਹੀਆਂ ਹਨ। ਵੇਰਕਾ ਵੱਲੋਂ ਜਿੱਥੇ ਪਿੰਡ ਪੱਧਰ 'ਤੇ ਉਤਮ ਗੁਣਵੱਤਾ ਦਾ ਦੁੱਧ ਸਹਿਕਾਰੀ ਸਭਾਵਾਂ ਤੋਂ ਰੋਜ਼ਾਨਾਂ ਖਰੀਦਿਆ ਜਾ ਰਿਹਾ ਹੈ ਅਤੇ ਉਥੇ ਹੀ ਆਮ ਲੋਕਾਂ ਦੇ ਘਰੋਂ-ਘਰੀ ਦੁੱਧ ਪਹੁੰਚਾਉਣ ਲਈ ਵਿਸ਼ੇਸ਼ ਉਪਰਾਲੇ ਵੀ ਕੀਤੇ ਜਾ ਰਹੇ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵੇਰਕਾ ਮਿਲਕ ਪਲਾਂਟ ਬਠਿੰਡਾ ਦੇ ਜਨਰਲ ਮੈਨੇਜਰ ਸ੍ਰੀ ਰਾਕੇਸ਼ ਕੁਮਾਰ ਗੁਪਤਾ ਨੇ ਦੱਸਿਆ ਕਿ ਕਿ ਵੇਰਕਾ ਮਿਲਕ ਪਲਾਂਟ ਵੱਲੋਂ ਇਸ ਤਾਲਾਬੰਦੀ ਦੇ ਸਮੇਂ ਦੌਰਾਨ 21 ਮਾਰਚ ਤੋਂ 11 ਮਈ 2020 ਤੱਕ ਕੁੱਲ 65,95,269 ਕਿਲੋਂ ਦੁੱਧ ਕਿਸਾਨਾਂ ਤੋ ਖਰੀਦਿਆ ਗਿਆ, ਜੋ ਕਿ ਪਿਛਲੇ ਸਾਲ ਇਸੇ ਸਮੇਂ ਦੇ ਮੁਕਾਬਲੇ 68 ਫ਼ੀਸਦੀ ਵੱਧ ਹੈ। ਇਸੇ ਤਰਾਂ ਵੇਰਕਾ ਵੱਲੋਂ ਤਿਆਰ ਕੀਤੀ ਜਾਂਦੀ ਪਸ਼ੂ ਖੁਰਾਕ ਵੀ ਇਸ ਤਾਲਾਬੰਦੀ ਦੇ ਸਮੇਂ ਦੌਰਾਨ 1462 ਮੀਟ੍ਰਿਕ ਟਨ ਦੀ ਵਿਕਰੀ ਕਿਸਾਨਾਂ ਨੂੰ ਕੀਤੀ ਗਈ, ਜੋ ਕਿ ਪਿਛਲੇ ਸਾਲ ਇਸੇ ਸਮੇਂ ਦੇ ਮੁਕਾਬਲੇ ਦੁੱਗਣੀ ਹੈ। ਵੇਰਕਾ ਦੁੱਧ ਅਤੇ ਤੋਂ ਦੁੱਧ ਬਣੇ ਪਦਾਰਥਾਂ ਦੀ ਮਾਰਕੀਟਿੰਗ ਕਰਨ ਲਈ ਗ੍ਰਾਹਕਾਂ ਨੂੰ ਘਰ-ਘਰ ਜ਼ਰੂਰੀ ਵਸਤਾਂ ਮੁਹੱਈਆਂ ਕਰਵਾ ਰਹੀ ਹੈ। ਇਸੇ ਤਰਾਂ ਵੇਰਕਾ ਵਲੋਂ ਤਾਲਾਬੰਦੀ ਦੇ ਸਮੇਂ ਦੌਰਾਨ 23,74,417 ਲੀਟਰ ਦੁੱਧ ਗਾਹਕਾਂ ਨੂੰ ਮੁਹੱਈਆ ਕਰਵਾਇਆ ਹੈ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ 66 ਫ਼ੀਸਦੀ ਵੱਧ ਹੈ। ਇਸ ਤੋਂ ਇਲਾਵਾ ਗ੍ਰਾਹਕਾਂ ਦੀ ਮੰਗ ਨੂੰ ਧਿਆਨ 'ਚ ਰੱਖਦੇ ਹੋਏ ਮੌਜੂਦਾ ਸਮੇ ਵਿੱਚ ਵੇਰਕਾ ਸੁੱਕਾ ਦੁੱਧ, ਘਿਓ, ਦਹੀ, ਲੱਸੀ, ਪਨੀਰ, ਖੀਰ, ਆਇਸ ਕਰੀਮ, ਪੰਜੀਰੀ ਆਦਿ ਦਾ ਉਤਪਾਦਨ ਵੀ ਨਾਲੋਂ-ਨਾਲ ਕਰਵਾ ਰਹੀ ਹੈ ਤੇ ਕੋਵਿਡ-19 ਮਹਾਂਮਾਰੀ ਦੌਰਾਨ ਲੋਕਾਂ ਦੀ ਮੰਗ ਅਨੁਸਾਰ ਲੋੜੀਂਦੀਆਂ ਵਸਤਾਂ ਵੀ ਘਰ-ਘਰ ਮੁਹੱਈਆ ਕਰਵਾ ਰਹੀ ਹੈ।

ਇਸ ਤੋਂ ਇਲਾਵਾ ਵੇਰਕਾ ਵੱਲੋਂ ਸੀ.ਡੀ.ਪੀ.ਓ. ਨੂੰ 115 ਮੀਟਰਕ ਟਨ ਪੰਜੀਰੀ ਅਤੇ 25 ਮੀਟਰਕ ਟਨ ਅਤੇ ਸੁੱਕਾ ਦੁੱਧ ਵੀ ਮੁਹੱਈਆ ਕਰਵਾਇਆ ਗਿਆ। ਲੋਕਾਂ ਦੀਆਂ ਦੁੱਧ ਦੀਆਂ ਪੂਰਤੀਆਂ ਦੇ ਨਾਲ-ੁਨਾਲ ਵੇਰਕਾ ਵੱਲੋਂ ਤਕਰੀਬਨ 8400 ਦਸਤਾਨੇ, 14000 ਮੂੰਹ 'ਤੇ ਲਗਾਉਣ ਵਾਲੇ ਮਾਸਕ, 8000 ਸਿਰ ਲਈ ਟੋਪੀਆ, 250 ਲੀਟਰ ਸੈਨਾਟਾਈਜ਼ਰ, 40 ਲੀਟਰ ਹੈਂਡ ਵਾਸ਼, 20 ਪੀ.ਪੀ.ਈ. ਕਿੱਟਜ਼ ਵੀ ਮੁਹੱਈਆ ਕਰਵਾ ਕੇ ਮੁਲਾਜਮਾਂ ਦੀ ਸੁਰੱਖਿਆ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਲਾਂਟ ਦੇ ਕਰਮਚਾਰੀਆਂ ਲਈ ਸਵੇਰ, ਦੁਪਹਿਰ ਤੇ ਰਾਤ ਦੇ ਭੋਜਨ ਦਾ ਪ੍ਰਬੰਧ ਵੀ ਕੀਤਾ ਗਿਆ।

I/24472/2020

Scanned with CamScanner

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਬਠਿੰਡਾ

ਖ਼ਰੀਦ ਏਜੰਸੀਆਂ ਨੇ 921094 ਮੀਟ੍ਰਿਕ ਟਨ ਕਣਕ ਦੀ ਕੀਤੀ ਖ਼ਰੀਦ

1558 ਕਰੋੜ ਰੁਪਏ ਦੀ ਕੀਤੀ ਕਿਸਾਨਾਂ ਨੂੰ ਅਦਾਇਗੀ

ਬਠਿੰਡਾ, 13 ਮਈ : ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ ਨੇ ਕਿਹਾ ਕਿ ਜ਼ਿਲੇ ਦੀਆਂ ਮੰਡੀਆਂ ਵਿਚੋਂ ਵੱਖ-ਵੱਖ ਖ਼ਰੀਦ ਏਜੰਸੀਆਂ ਵਲੋਂ 921094 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਖ਼ਰੀਦੀ ਗਈ ਕਣਕ ਦੀ 1558 ਕਰੋੜ ਰੁਪਏ ਦੀ ਕਿਸਾਨਾਂ ਨੂੰ ਅਦਾਇਗੀ ਵੀ ਕੀਤੀ ਗਈ। ਇਸ ਤੋਂ ਇਲਾਵਾ ਹੁਣ ਤੱਕ ਜ਼ਿਲੇ ਦੀਆਂ ਅਨਾਜ ਮੰਡੀਆਂ ਵਿਚ 927802 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ ਨੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਣਕ ਦੀ ਖ਼ਰੀਦ ਵਿਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ ਹਨ। ਉਨਾਂ ਇਹ ਵੀ ਕਿਹਾ ਕਿ ਮੰਡੀਆਂ ਵਿਚ ਆਈ ਕਣਕ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆਂ ਜਾਵੇਗਾ ਅਤੇ ਮੰਡੀਆਂ ਵਿਚ ਕਿਸਾਨਾਂ ਨੂੰ ਕਣਕ ਦੀ ਖ਼ਰੀਦ ਦੌਰਾਨ ਕਿਸੇ ਤਰਾ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲੇ ਦੀਆਂ ਅਨਾਜ਼ ਮੰਡੀਆਂ ਵਿਚ ਚੱਲ ਰਹੀ ਖ਼ਰੀਦ ਬਾਰੇ ਜਾਣਕਾਰੀ ਦਿੰਦਿਆਂ ਜ਼ਿਲਾ ਫ਼ੂਡ ਸਪਲਾਈ ਕੰਟਰੋਲਰ ਸ. ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਹੁਣ ਤੱਕ ਪਨਗ੍ਰੇਨ ਵਲੋਂ 263096 ਮੀਟ੍ਰਿਕ ਟਨ, ਮਾਰਕਫੈਡ ਵਲੋਂ 232865 ਮੀਟ੍ਰਿਕ ਟਨ, ਪਨਸਪ ਵਲੋਂ 208427 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 142672 ਤੇ ਭਾਰਤੀ ਖੁਰਾਕ ਨਿਗਮ ਨੇ 67434 ਮੀਟ੍ਰਿਕ ਟਲ ਅਤੇ ਨਿੱਜੀ ਵਪਾਰੀਆਂ ਨੇ 1200 ਟਨ ਕਣਕ ਦੀ ਖਰੀਦ ਕੀਤੀ ਹੈ। ਜ਼ਿਲਾ ਫ਼ੂਡ ਸਪਲਾਈ ਕੰਟਰੋਲਰ ਨੇ ਇਹ ਵੀ ਦੱਸਿਆ ਕਿ 781839 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਹੋ ਚੁੱਕੀ ਹੈ।

I/24476/2020

---

Scanned with CamScanner